# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :05-07-2026**

## ਪਹਿਲਾਂ ਬੁਲੇਟੀਨ ਦੀਆਂ ਖਾਸ ਖਬਰਾਂ

---

- ਕੇਂਦਰੀ ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ ਦਿਹਾਤੀ ਕਾਨੂੰਨ ਤਹਿਤ ਰਾਜਾਂ ਨੂੰ 25 ਹਜ਼ਾਰ ਕਰੋੜ ਰੁਪਏ ਦੀ ਸਹਾਇਤਾ ਜਾਰੀ ਕੀਤੀ।
- ਹੋਸ਼ਿਆਰਪੁਰ ਨਗਰ ਨਿਗਮ ਦੇ 50 ਵਾਰਡਾਂ ਲਈ ਅੱਜ ਵੋਟਿੰਗ ਸ਼ਾਂਤੀਪੂਰਨ ਢੰਗ ਨਾਲ ਹੋਈ. ਸ਼ਾਮ 4 ਵਜੇ 58 . 99 ਫੀਸਦੀ ਪੋਲਿੰਗ ਦਰਜ ਕੀਤੀ ਗਈ.
- ਪੱਟੀਦਰਜ ਜਾਤਾਂ ਨਾਲ ਸੰਬੰਧਿਤ ਵਿਦਿਆਰਥੀਆਂ ਲਈ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ (ਸਾਲ 2026-27) ਦਾ ਪੋਰਟਲ ਅਧਿਕਾਰਤ ਤੌਰ 'ਤੇ ਖੋਲ੍ਹ ਦਿੱਤਾ ਗਿਆ ਏ ।

- ਸਾਬਕਾ ਕੇਂਦਰੀ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਵਿਜੈ ਸਾਂਪਲਾ ਨੇ ਇਲ੍ਜ਼ਾਮ ਲਾਇਆ ਏ ਕਿ ਸੂਬਾ ਸਰਕਾਰ ਵਲੋਂ ਓਹਨਾਂ ਨੂੰ ਕਾਨੂੰਨੀ ਪ੍ਰਕਿਰਿਆ ਦੇ ਉਲਟ ਕਦਮਾਂ ਰਾਹੀਂ ਪਰੇਸ਼ਾਨ ਕੀਤਾ ਜਾ ਰਿਹਾ ਏ.
- ਕੈਲਾਸ਼ ਮਾਨਸਰੋਵਰ ਯਾਤਰਾ 2026 ਅੱਜ ਤੋਂ ਸ਼ੁਰੂ ਹੋ ਗਈ ਏ.

---

ਕੇਂਦਰੀ ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਇਸ ਮਹੀਨੇ ਦੀ ਪਹਿਲੀ ਤਰੀਕ ਤੋਂ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਗਰੰਟੀ ਮਿਸ਼ਨ (ਗ੍ਰਾਮੀਣ), ਵੀਬੀਜੀ-ਰਾਮਜੀ ਕਾਨੂੰਨ 2025 ਦੇ ਸਫਲਤਾ ਨਾਲ ਲਾਗੂ ਹੋਣ 'ਤੇ ਸੰਤੁਸ਼ਟੀ ਜ਼ਾਹਿਰ ਕੀਤੀ ਏ। ਸ੍ਰੀ ਸਿੰਘ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਇਸ ਮਿਸ਼ਨ ਦੇ ਤਹਿਤ ਰਾਜਾਂ ਨੂੰ 25 ਹਜ਼ਾਰ ਕਰੋੜ ਰੁਪਏ ਦੀ ਮੁੱਖ ਸਹਾਇਤਾ ਜਾਰੀ ਕੀਤੀ। ਸ੍ਰੀ ਚੌਹਾਨ ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਦਿਹਾਤੀ ਵਿਕਾਸ ਮੰਤਰੀਆਂ ਨਾਲ ਵੀਬੀਜੀ-ਰਾਮਜੀ ਸਕੀਮਾਂ ਦੇ ਲਾਗੂਕਰਨ ਦੀ ਸਮੀਖਿਆ ਵੀ ਕੀਤੀ। ਉਨ੍ਹਾਂ ਕਿਹਾ ਕਿ ਅੱਜ ਜਾਰੀ ਕੀਤੀ ਗਈ ਪਹਿਲੀ ਕਿਸ਼ਤ ਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਰਾਜਾਂ ਕੋਲ ਲੋੜੀਂਦੇ ਫੰਡ ਹੋਣ ਤਾਂ ਜੋ 15 ਦਿਨਾਂ ਦੇ ਅੰਦਰ ਮਜ਼ਦੂਰੀ ਦਾ ਭੁਗਤਾਨ ਕੀਤਾ ਜਾ ਸਕੇ. ਉਨ੍ਹਾਂ ਕਿਹਾ ਕਿ ਮਨਰੇਗਾ ਨੂੰ ਲਾਗੂ ਕਰਨ

ਵਿੱਚ ਤਿੰਨ ਸਾਲਾਂ ਤੋਂ ਵੱਧ ਸਮਾਂ ਲੱਗਿਆ, ਪਰ ਵਿਕਸਿਤ ਭਾਰਤ-ਜੀ ਰਾਮ ਜੀ ਨੂੰ ਸਿਰਫ਼ ਇੱਕ ਦਿਨ ਵਿੱਚ ਦੇਸ਼ ਭਰ ਵਿੱਚ ਲਾਗੂ ਕੀਤਾ ਗਿਆ। ਸ੍ਰੀ ਚੌਹਾਨ ਨੇ ਕਿਹਾ ਕਿ "ਵਿਕਸਿਤ ਭਾਰਤ" ਦੇ ਦ੍ਰਿਸ਼ਟੀਕੋਣ ਨੂੰ ਤੇਜ਼ ਕਰਨ ਲਈ, ਇਸ ਕਾਨੂੰਨ ਤਹਿਤ ਅਗਲੇ ਪੰਜ ਸਾਲਾਂ ਵਿੱਚ 2 ਲਖ 86 ਹਜ਼ਾਰ ਪੰਚਾਇਤਾਂ ਵਿੱਚ 7.5 ਲੱਖ ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕੀਤਾ ਜਾਵੇਗਾ- byte –

ਉਨ੍ਹਾਂ ਕਿਹਾ ਕਿ ਵੀਬੀ-ਜੀ-ਰਾਮਜੀ ਸਕੀਮ ਤਹਿਤ ਮਜ਼ਦੂਰੀ ਦਰਾਂ ਵਿੱਚ ਔਸਤਨ ਕਰੀਬ 10 ਫੀਸਦੀ ਦਾ ਵਾਧਾ ਕੀਤਾ ਗਿਆ ਏ । ਉਨ੍ਹਾਂ ਅੱਗੇ ਕਿਹਾ ਕਿ ਹੁਣ ਦੇਸ਼ ਦੇ ਕਿਸੇ ਵੀ ਰਾਜ ਵਿੱਚ ਮਜ਼ਦੂਰੀ ਦਰ 300 ਰੁਪਏ ਪ੍ਰਤੀ ਦਿਨ ਤੋਂ ਘੱਟ ਨਹੀਂ ਹੋਵੇਗੀ। ਸ੍ਰੀ ਚੌਹਾਨ ਨੇ ਭਰੋਸਾ ਦਿੱਤਾ ਕਿ ਵੀਬੀ-ਜੀ-ਰਾਮਜੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੋਵੇਗੀ। ਪਾਰਦਰਸ਼ਿਤਾ ਅਤੇ ਜਵਾਬਦੇਹੀ 'ਤੇ ਜ਼ੋਰ ਦਿੰਦੇ ਹੋਏ, ਮੰਤਰੀ ਨੇ ਕਿਹਾ ਕਿ ਚਿਹਰਾ ਪ੍ਰਮਾਣਿਕਤਾ, ਜੀਓ-ਟੈਗਿੰਗ ਅਤੇ ਹੋਰ ਤਕਨੀਕੀ ਉਪਾਵਾਂ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾਣਾ ਚਾਹੀਦਾ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਸਕੀਮ ਵਿੱਚ ਕਿਸੇ ਤਰ੍ਹਾਂ ਦੀਆਂ ਵੀ ਬੇਨੇਮੀਆਂ ਜਾਂ ਧੋਖਾਧੜੀ ਦੀ ਕੋਈ ਗੁੰਜਾਇਸ਼ ਨਹੀਂ ਏ, ਅਤੇ ਸਰਕਾਰ ਪਾਰਦਰਸ਼ਿਤਾ, ਭਰੋਸੇਯੋਗਤਾ ਅਤੇ ਗੁਣਵੱਤਾ ਵਾਲੀਆਂ ਸੰਪਤੀਆਂ ਦੇ ਨਿਰਮਾਣ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਏ ।

------------------------------------------------------------

ਹੋਸ਼ਿਆਰਪੁਰ ਨਗਰ ਨਿਗਮ ਦੇ 50 ਵਾਰਡਾਂ ਲਈ ਅੱਜ ਵੋਟਿੰਗ ਸ਼ਾਂਤੀਪੂਰਨ ਢੰਗ ਨਾਲ ਹੋਈ। ਸਵੇਰੇ ਪਏ ਮੀਂਹ ਕਾਰਨ ਵੋਟਿੰਗ ਦੀ ਰਫ਼ਤਾਰ ਹੌਲੀ ਰਹੀ, ਪਰ ਮੌਸਮ ਸਾਫ਼ ਹੋਣ ਤੋਂ ਬਾਅਦ ਪੋਲਿੰਗ ਕੇਂਦਰਾਂ 'ਤੇ ਵੋਟਰਾਂ ਦੀ ਗਿਣਤੀ ਵਧਣ ਲੱਗੀ। ਨਗਰ ਨਿਗਮ ਦੀਆਂ 50 ਸੀਟਾਂ ਲਈ ਹੋ ਰਹੀਆਂ ਚੋਣਾਂ ਵਿੱਚ ਜ਼ਿਆਦਾਤਰ ਵਾਰਡਾਂ ਵਿੱਚ ਮੁੱਖ ਮੁਕਾਬਲਾ ਆਮ ਆਦਮੀ ਪਾਰਟੀ (ਆਪ) ਅਤੇ ਕਾਂਗਰਸ ਵਿਚਕਾਰ ਏ । ਇਸ ਤੋਂ ਇਲਾਵਾ ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਸ਼੍ਰੋਮਣੀ ਅਕਾਲੀ ਦਲ (ਸ਼੍ਰੋਅਦ) ਨੇ ਵੀ ਵੱਡੀ ਗਿਣਤੀ ਵਿੱਚ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰੇ ਨੇ. ਚੋਣ ਅਧਿਕਾਰੀਆਂ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਸ਼ਾਮ 4 ਵਜੇ 58 . 99 ਫੀਸਦੀ ਪੋਲਿੰਗ ਦਰਜ ਕੀਤੀ ਗਈ. ਸਾਰੇ ਪੋਲਿੰਗ ਕੇਂਦਰਾਂ 'ਤੇ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ. ਕਿਸੇ ਵੀ ਅਣਸੁਖਾਵੀਂ ਘਟਨਾ ਦੀ ਸੂਚਨਾ ਨਹੀਂ ਏ.

------------------------------------------------------------

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਐਲਾਨ ਕੀਤਾ ਏ ਪੱਟੀਦਰਜ ਜਾਤਾਂ ਨਾਲ ਸੰਬੰਧਿਤ ਵਿਦਿਆਰਥੀਆਂ ਲਈ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ

(ਸਾਲ 2026-27) ਦਾ ਪੋਰਟਲ ਅਧਿਕਾਰਤ ਤੌਰ 'ਤੇ ਖੋਲ੍ਹ ਦਿੱਤਾ ਗਿਆ ਏ । ਪ੍ਰਕਿਰਿਆ ਨੂੰ ਸੁਚਾਰੂ, ਆਧੁਨਿਕ ਅਤੇ ਪਾਰਦਰਸ਼ੀ ਬਣਾਉਣ ਲਈ, ਇਹ ਸਕੀਮ ਰਾਸ਼ਟਰੀ ਸਕਾਲਰਸ਼ਿਪ ਪੋਰਟਲ (NSP) ਰਾਹੀਂ ਲਾਗੂ ਕੀਤੀ ਜਾ ਰਹੀ ਏ, ਜੋ ਕਿ ਪਹਿਲੀ ਜੁਲਾਈ, 2026 ਤੋਂ ਬਿਨੈਕਾਰਾਂ ਲਈ ਸਫਲਤਾ ਨਾਲ ਕਾਰਜਸ਼ੀਲ ਹੋ ਚੁੱਕਾ ਏ ।

ਵਿਦਿਆਰਥੀ-ਪੱਖੀ ਪਹੁੰਚ 'ਤੇ ਜ਼ੋਰ ਦਿੰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਆਰਥਿਕ ਤੰਗੀ ਕਦੇ ਵੀ ਕਿਸੇ ਹੋਣਹਾਰ ਵਿਦਿਆਰਥੀ ਦੇ ਸੁਪਨਿਆਂ ਅਤੇ ਉੱਚੇ ਇਰਾਦਿਆਂ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ। ਉਨ੍ਹਾਂ ਨੇ ਪੰਜਾਬ ਦੇ ਪੱਟੀਦਰਜ ਜਾਤਾਂ ਨਾਲ ਸੰਬੰਧਿਤ ਯੋਗ ਵਿਦਿਆਰਥੀਆਂ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਖਰੀ ਤਰੀਕ ਤੋਂ ਪਹਿਲਾਂ-ਪਹਿਲਾਂ ਅਪਲਾਈ ਕਰਨ ਦੀ ਅਪੀਲ ਕੀਤੀ ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਸਾਕਾਰ ਕਰਕੇ ਸੁਨਹਿਰੀ ਭਵਿੱਖ ਦੀ ਸਿਰਜਣਾ ਕਰ ਸਕਣ । ਮੰਤਰੀ ਨੇ ਕਿਹਾ ਕਿ ਇੱਕ ਪ੍ਰਗਤੀਸ਼ੀਲ, ਬਰਾਬਰੀ ਵਾਲੇ ਅਤੇ ਸਿੱਖਿਆ-ਮੁਖੀ ਸਮਾਜ ਦੀ ਸਿਰਜਣਾ ਉਦੋਂ ਹੀ ਸੰਭਵ ਏ ਜਦੋਂ ਸਾਡੀ ਨੌਜਵਾਨ ਪੀੜ੍ਹੀ ਉੱਚ ਸਿੱਖਿਆ ਪ੍ਰਾਪਤ ਕਰਕੇ ਆਤਮ-ਨਿਰਭਰ ਬਣੇਗੀ।

-----------------------------------------------------------------

ਸਾਬਕਾ ਕੇਂਦਰੀ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਵਿਜੈ ਸਾਂਪਲਾ ਨੇ ਕਿਹਾ ਏ ਕਿ ਵਿਸ਼ੇਸ਼ ਪੜਤਾਲੀਆ ਟੀਮ (SIT) ਵੱਲੋਂ ਉਨ੍ਹਾਂ ਨੂੰ ਮੁੜ੍ਹ ਨੋਟਿਸ ਜਾਰੀ ਕੀਤਾ ਗਿਆ ਏ, ਜਦਕਿ ਉਹ ਪਹਿਲਾਂ ਵੀ ਜਾਂਚ ਵਿੱਚ ਪੂਰਾ ਸਹਿਯੋਗ ਦੇ ਚੁੱਕੇ ਨੇ ਅਤੇ ਲਿਖਤੀ ਰੂਪ ਵਿੱਚ ਭਰੋਸਾ ਦੇ ਚੁੱਕੇ ਨੇ ਕਿ ਅੱਗੇ ਵੀ ਪੂਰਾ ਸਹਿਯੋਗ ਦੇਣਗੇ। ਇੱਥੇ ਇਹ ਚੇਤੇ ਕਰਾਇਆ ਜਾਂਦਾ ਏ ਕਿ ਇੱਕ ਵਿਸ਼ੇਸ਼ ਪੜਤਾਲੀਆ ਟੀਮ (SIT) 2015 ਦੇ ਬਹਿਬਲ ਕਲਾਂ ਪੁਲਿਸ ਗੋਲੀਬਾਰੀ ਅਤੇ ਬਰਗਾੜੀ ਬੇਅਦਬੀ ਮਾਮਲਿਆਂ ਦੇ ਸਬੰਧ ਵਿੱਚ ਸੀਨੀਅਰ ਭਾਜਪਾ ਨੇਤਾ ਦੀ ਜਾਂਚ ਕਰ ਰਹੀ ਏ। ਉਨ੍ਹਾਂ ਕਿਹਾ ਕਿ ਵਾਰ-ਵਾਰ ਬੇਨਤੀ ਕਰਨ ਦੇ ਬਾਵਜੂਦ ਅੱਜ ਤੱਕ ਉਹ ਦਸਤਾਵੇਜ਼ ਉਪਲਬਧ ਨਹੀਂ ਕਰਵਾਏ ਗਏ, ਜਿਨ੍ਹਾਂ ਦੇ ਆਧਾਰ 'ਤੇ ਉਨ੍ਹਾਂ ਤੋਂ ਸਪਸ਼ਟੀਕਰਨ ਮੰਗਿਆ ਜਾ ਰਿਹਾ ਏ। ਸੰਬੰਧਿਤ ਦਸਤਾਵੇਜ਼ ਦਿੱਤੇ ਬਿਨਾਂ ਕਿਸੇ ਨਾਗਰਿਕ ਨੂੰ ਵਾਰ-ਵਾਰ ਤਲਬ ਕਰਨਾ ਕੁਦਰਤੀ ਨਿਆਂ ਅਤੇ ਕਾਨੂੰਨੀ ਪ੍ਰਕਿਰਿਆ ਦੇ ਉਲਟ ਏ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਮੁੱਖ ਮੰਤਰੀ ਸਬੰਧੀ ਦਿੱਤੇ ਗਏ ਫ਼ੈਸਲੇ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨਾਲ ਸੰਬੰਧਿਤ ਕਾਨੂੰਨ ਨੂੰ ਲੈ ਕੇ ਪੰਜਾਬ ਸਰਕਾਰ ਦੀ ਹੋਈ ਵਿਆਪਕ ਨੁਕਤਾਚੀਨੀ ਤੋਂ

ਬਾਅਦ ਸੂਬਾ ਸਰਕਾਰ ਬੁਰੀ ਤਰ੍ਹਾਂ ਘਬਰਾ ਗਈ ਏ ਅਤੇ ਲੋਕਾਂ ਦਾ ਧਿਆਨ ਭਟਕਾਉਣ ਲਈ ਵਿਰੋਧੀ ਧਿਰ, ਖ਼ਾਸ ਕਰਕੇ ਭਾਜਪਾ ਦੇ ਆਗੂਆਂ ਨੂੰ ਨਿਸ਼ਾਨਾ ਬਣਾ ਰਹੀ ਏ ।

---

ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਅੱਜ ਚੰਪਾਵਤ ਜ਼ਿਲ੍ਹੇ ਦੇ ਟੰਕਾਪੁਰ ਤੋਂ ਕੈਲਾਸ਼ ਮਾਨਸਰੋਵਰ ਯਾਤਰਾ 2026 ਦੇ ਪਹਿਲੇ ਜਥੇ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਜਥੇ ਵਿੱਚ 49 ਸ਼ਰਧਾਲੂ ਸ਼ਾਮਲ ਨੇ, ਜਿਨ੍ਹਾਂ ਵਿੱਚ 34 ਮਰਦ ਅਤੇ 15 ਔਰਤਾਂ ਸ਼ਾਮਿਲ ਨੇ. ਇਹਨਾਂ ਵਿੱਚ ਇੱਕ ਡਾਕਟਰ ਵੀ ਏ.ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਕੈਲਾਸ਼ ਮਾਨਸਰੋਵਰ ਯਾਤਰਾ ਸਿਰਫ਼ ਇੱਕ ਧਾਰਮਿਕ ਯਾਤਰਾ ਨਹੀਂ, ਸਗੋਂ ਅਧਿਆਤਮਿਕ ਜਾਗ੍ਰਿਤੀ, ਸੱਭਿਆਚਾਰਕ ਏਕਤਾ ਅਤੇ ਰਾਸ਼ਟਰੀ ਸਦਭਾਵਨਾ ਦਾ ਪ੍ਰਤੀਕ ਏ । ਉਨ੍ਹਾਂ ਅੱਗੇ ਕਿਹਾ ਕਿ ਇਹ ਯਾਤਰਾ ਸਰਹੱਦੀ ਖੇਤਰਾਂ, ਸੈਰ-ਸਪਾਟਾ ਅਤੇ ਸਥਾਨਕ ਆਰਥਿਕਤਾ ਦੇ ਵਿਕਾਸ ਨੂੰ ਵੀ ਉਤਸ਼ਾਹਿਤ ਕਰਦੀ ਏ । ਸ੍ਰੀ ਧਾਮੀ ਨੇ ਸ਼ਰਧਾਲੂਆਂ ਨੂੰ ਸਥਾਨਕ ਦਸਤਕਾਰੀ ਅਤੇ ਉਤਪਾਦਾਂ ਨੂੰ ਖਰੀਦ ਕੇ ਸਥਾਨਕ ਲੋਕਾਂ ਨੂੰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ।

---

ਸਥਾਨਕ ਮਾਨਸਾ ਰੋਡ ‘ਤੇ ਪਿੰਡ ਕੋਟੜਾ ਕਲਾਂ ਦੇ ਨਜਦੀਕ ਇੱਕ ਕਾਰ ਅਤੇ ਟਰਾਲੇ ਦੀ ਸਿੱਧੀ ਟੱਕਰ ਵਿੱਚ ਕਾਰ ਸਵਾਰ 2 ਨੌਜਵਾਨਾਂ ਦੀ ਮੌਤ ਦੀ ਮੌਤ ਹੋ ਗਈ ਏ । ਜਾਣਕਾਰੀ ਅਨੁਸਾਰ ਇਹ ਦੋਵੇਂ ਮਾਨਸਾ ਤੋਂ ਪਟਿਆਲਾ ਵੱਲ ਜਾ ਰਹੇ ਸਨ ਤਾਂ ਸਾਹਮਣਿਓ ਆ ਰਹੇ ਇੱਕ ਤਰਲੇ ਦੀ ਇਹਨਾਂ ਦੇ ਵਾਹਨ ਨਾਲ ਸਿੱਧੀ ਟੱਕਰ ਹੋ ਗਈ ,ਜਿਸ ਕਾਰ ਸਵਾਰ ਨੌਜਵਾਨਾਂ ਸੱਟਾਂ ਲੱਗੀਆਂ ਤੇ ਉਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਮਾਨਸਾ ਲਿਆਂਦਾ ਗਿਆ, ਜਿਥੇ ਇਹਨਾਂ ਨੂੰ ਡਾਕਟਰਾਂ ਨੇ ਮ੍ਰਿਤਕ ਐਲਾਨ ਦਿੱਤਾ। ਵਾਹਨ ਦੇ ਚਾਲਕ ਨੂੰ ਮੁਕਦਮਾ ਦਰਜ ਕਰ ਕੇ ਗ੍ਰਿਫਤਾਰ ਕਰ ਲਿਆ ਗਿਆ ਏ.

---

ਮੁਹਾਲੀ ਦੇ ਵਣ ਵਿਭਾਗ ਵੱਲੋਂ ਚੁਗਿਰਦਾ ਬਚਾਉਣ, ਰੁੱਖ ਲਾਉਣ ਅਤੇ ਪ੍ਰਦੂਸ਼ਣ ਘਟਾਉਣ ਲਈ ਵਾਹਨਾਂ ਦੀ ਵਰਤੋਂ ਘਟਾ ਕੇ ਸਾਈਕਲ ਦੀ ਵਰਤੋਂ ਨੂੰ ਹੁੰਗਾਰਾ ਦੇਣ ਲਈ ਲੋਕਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਫੇਸ 5 ਵਿਖੇ ਇਕ ਸਮਾਗਮ ਕਰਵਾਇਆ ਗਿਆ. ਇਸ ਉਪਰਾਲੇ ਤਹਿਤ ਇਕ ਰੈਲੀ GREENATHON 2026, ਨਾਂ ਦੀ ਮੈਰਾਥਨ ਅਤੇ ਸਾਇਕਲ ਰੈਲੀ ਦਾ ਆਯੋਜਨ ਕੀਤਾ ਗਿਆ। ਜਿਸ ‘ਚ ਸ਼ਹਿਰ ਦੇ ਵੱਖ ਵੱਖ ਥਾਵਾਂ ਤੋਂ ਲੋਕਾਂ, ਬਜੁਰਗਾਂ, ਮਹਿਲਾਵਾਂ,NGO ਸੰਸਥਾਵਾਂ, ਸਕੂਲਾਂ ਦੇ ਵਿਦਿਆਰਥੀਆਂ,CRPF ਦੇ ਜਵਾਨਾਂ ਨੇ ਹਿੱਸਾ ਲਿਆ। ਇਹ ਰੈਲੀ

ਗੁਰੂਦਵਾਰਾ ਅੰਬ ਸਾਹਿਬ ਮੋਹਾਲੀ ਵਿਖੇ ਖਤਮ ਹੋਈ। ਲੋਕਾਂ ਨੂੰ ਬੂਟੇ ਵੀ ਵੰਡੇ ਗਏ। ਰੈਲੀ ਦੀ ਅਗਵਾਈ DFO ਮੁਹਾਲੀ ਦੇ ਡਿਵੀਜ਼ਨ ਫੋਰੈਸਟ ਅਫ਼ਸਰ ਅਮਨੀਤ ਸਿੰਘ ਅਤੇ MC ਨਸੀਬ ਸਿੰਘ ਸੰਧੂ ਨੇ ਕੀਤੀ ਅਤੇ ਮੌਕੇ ਤੇ ਆਏ ਲੋਕਾਂ ਨੂੰ ਚੁਗਿਰਦਾ ਬਚਾਉਣ ਲਈ ਕੋਸ਼ਿਸ਼ ਕਰਨ ਲਈ ਪ੍ਰੇਰਿਆ । DFO ਅਮਨੀਤ ਸਿੰਘ ਨੇ ਇਸ ਮੌਕੇ ਆਕਾਸ਼ਵਾਣੀ ਨਾਲ ਗੱਲ ਕਰਦਿਆ ਕਿਹਾ  ।

---------------------------------------------------------

## **ਖਾਸ ਖਬਰਾਂ ਇੱਕ ਵਾਰ ਫੇਰ**

- ਕੇਂਦਰੀ ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ ਦਿਹਾਤੀ ਕਾਨੂੰਨ ਤਹਿਤ ਰਾਜਾਂ ਨੂੰ 25 ਹਜ਼ਾਰ ਕਰੋੜ ਰੁਪਏ ਦੀ ਸਹਾਇਤਾ ਜਾਰੀ ਕੀਤੀ।
- ਹੋਸ਼ਿਆਰਪੁਰ ਨਗਰ ਨਿਗਮ ਦੇ 50 ਵਾਰਡਾਂ ਲਈ ਅੱਜ ਵੋਟਿੰਗ ਸ਼ਾਂਤੀਪੂਰਨ ਢੰਗ ਨਾਲ ਹੋਈ. ਸ਼ਾਮ 4 ਵਜੇ 58 . 99 ਫੀਸਦੀ ਪੋਲਿੰਗ ਦਰਜ ਕੀਤੀ ਗਈ.

- ਪੱਟੀਦਰਜ ਜਾਤਾਂ ਨਾਲ ਸੰਬੰਧਿਤ ਵਿਦਿਆਰਥੀਆਂ ਲਈ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ (ਸਾਲ 2026-27) ਦਾ ਪੋਰਟਲ ਅਧਿਕਾਰਤ ਤੌਰ 'ਤੇ ਖੋਲ੍ਹ ਦਿੱਤਾ ਗਿਆ ਏ।
- ਸਾਬਕਾ ਕੇਂਦਰੀ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਵਿਜੈ ਸਾਂਪਲਾ ਨੇ ਇਲ੍ਜ਼ਾਮ ਲਾਇਆ ਏ ਕਿ ਸੂਬਾ ਸਰਕਾਰ ਵਲੋਂ ਓਹਨਾਂ ਨੂੰ ਕਾਨੂੰਨੀ ਪ੍ਰਕਿਰਿਆ ਦੇ ਉਲਟ ਕਦਮਾਂ ਰਾਹੀਂ ਪਰੇਸ਼ਾਨ ਕੀਤਾ ਜਾ ਰਿਹਾ ਏ.
- ਕੈਲਾਸ਼ ਮਾਨਸਰੋਵਰ ਯਾਤਰਾ 2026 ਅੱਜ ਤੋਂ ਸ਼ੁਰੂ ਹੋ ਗਈ ਏ.

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ**

**ਨਮਸ੍ਕਾਰ**